# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ ਡੇਲਾਵੇਅਰ ਦੇ ਵਿਲ-ਮਿੰਗਟਨ ਵਿੱਚ ਅਮਰੀਕੀ ਰਾਸ਼ਟਰਪਤੀ ਜੋ ਬਾਇਡਨ ਨਾਲ ਦੁਵੱਲੀ ਮੀਟਿੰਗ ਕਰਨਗੇ।

- ਪੰਜਾਬ ਦੇ ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਸਿਲਕ ਦਿਵਸ ਮੌਕੇ, ਰੇਸ਼ਮ ਉਤਪਾਦਾਂ ਲਈ ਵਿਭਾਗ ਦਾ ਲੋਗੋ ਜਾਰੀ ਕੀਤਾ - ਕਿਹਾ ਸੂਬਾ ਆਪਣੇ ਬ੍ਰਾਂਡ ਅਧੀਨ ਰੇਸ਼ਮ ਉਤਪਾਦ ਬਾਜ਼ਾਰ 'ਚ ਲਿਆਏਗਾ।

- ਫਰੀਦਕੋਟ ਵਿਖੇ ਮਹਾਨ ਸੂਫੀ ਸੰਤ ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ ਦੇ ਸਬੰਧ ਵਿੱਚ ਵੱਖ-ਵੱਖ ਪ੍ਰੋਗਰਾਮ ਦਾ ਆਯੋਜਨ।

ਅਤੇ

- ਪੰਜਾਬ ਭਰ ਵਿਚ, ਇਕ ਪੇੜ ਮਾਂ ਕੇ ਨਾਮ ਮੁਹਿੰਮ ਤਹਿਤ ਲੋਕਾਂ ਵਿਚ ਬੂਟੇ ਲਾਉਣ ਬਾਰੇ ਭਾਰੀ ਉਤਸ਼ਾਹ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ ਡੇਲਾਵੇਅਰ ਦੇ ਵਿਲ-ਮਿੰਗਟਨ ਵਿੱਚ ਅਮਰੀਕੀ ਰਾਸ਼ਟਰਪਤੀ ਜੋ ਬਾਇਡਨ ਨਾਲ ਦੁਵੱਲੀ ਮੀਟਿੰਗ ਕਰਨਗੇ। ਸ੍ਰੀ ਮੋਦੀ ਨੇ ਉੱਚ-ਪੱਧਰੀ ਮੀਟਿੰਗਾਂ ਅਤੇ ਰੁਝੇਵਿਆਂ ਦੀ ਇੱਕ ਲੜੀ ਨਾਲ ਭਰਪੂਰ, ਸੰਯੁਕਤ ਰਾਜ ਅਮਰੀਕਾ ਦੇ ਤਿੰਨ ਦਿਨਾਂ ਦੌਰੇ ਦੀ ਸ਼ੁਰੂਆਤ ਕੀਤੀ। ਉਹ ਅੱਜ ਅੱਧੀ ਰਾਤ ਤੋਂ ਬਾਅਦ, 6ਵੇਂ ਸਾਲਾਨਾ ਕਵਾਡ ਲੀਡਰਾਂ ਦੇ ਸੰਮੇਲਨ ਵਿੱਚ ਸ਼ਾਮਲ ਹੋਣਗੇ। ਸੰਯੁਕਤ ਰਾਜ, ਜਾਪਾਨ, ਭਾਰਤ ਅਤੇ ਆਸਟ੍ਰੇਲੀਆ ਵਾਲੇ ਕਵਾਡ ਸਮੂਹ ਦੇ ਮੈਂਬਰਾਂ ਤੋਂ ਜਲਵਾਯੂ ਤਬਦੀਲੀ ਤੋਂ ਲੈ ਕੇ, ਗੰਭੀਰ ਉਭਰ ਰਹੀਆਂ ਤਕਨਾਲੋਜੀਆਂ ਤੱਕ ਦੇ ਕਈ ਮੁੱਦਿਆਂ 'ਤੇ ਚਰਚਾ ਕਰਨ ਦੀ ਉਮੀਦ ਕੀਤੀ ਜਾ ਰਹੀ ਏ। ਪ੍ਰਧਾਨ ਮੰਤਰੀ ਆਪਣੇ ਆਸਟ੍ਰੇਲੀਆਈ ਹਮਰੁਤਬਾ ਐਂਥਨੀ ਅਲਬਨੀਜ਼ ਅਤੇ ਜਾਪਾਨੀ ਹਮਰੁਤਬਾ ਫੂਮਿਓ ਕਿਸ਼ਿਦਾ ਨਾਲ ਵੀ ਦੁਵੱਲੀਆ ਮੀਟਿੰਗਾਂ ਕਰਨਗੇ।

-----------------------------------------------------------

ਖੇਤੀ ਦੇ ਸਹਾਇਕ ਕਿੱਤਿਆਂ ਨਾਲ ਜੁੜੇ ਉਤਪਾਦ ਆਪਣੇ ਬ੍ਰਾਂਡ ਤਹਿਤ

ਬਾਜ਼ਾਰ ਵਿੱਚ ਵੇਚ ਕੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਮਕਸਦ ਨਾਲ, ਪੰਜਾਬ ਸਰਕਾਰ ਨੇ ਹੁਣ ਆਪਣੇ ਬ੍ਰਾਂਡ ਅਧੀਨ ਸੂਬੇ ਦੇ ਰੇਸ਼ਮ ਉਤਪਾਦ ਮਾਰਕੀਟ ਵਿੱਚ ਉਤਾਰਨ ਵੱਲ ਵੱਡੀ ਪਹਿਲਕਦਮੀ ਕੀਤੀ ਏ। ਚੰਡੀਗੜ੍ਹ ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸ਼ਨ ਸੰਸਥਾ ਵਿਖੇ ਸਿਲਕ ਦਿਵਸ ਸਬੰਧੀ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ, ਰੇਸ਼ਮ ਉਤਪਾਦਾਂ ਲਈ ਵਿਭਾਗ ਦਾ ਲੋਗੋ ਜਾਰੀ ਕਰਕੇ, ਇਸ ਦੀ ਸ਼ੁਰੂਆਤ ਕੀਤੀ। ਚੇਤਨ ਸਿੰਘ ਜੌੜਾਮਾਜਰਾ ਨੇ ਇਹ ਐਲਾਨ ਵੀ ਕੀਤਾ ਕਿ ਸਾਲ 2025 ਦੇ ਅਖੀਰ ਤੱਕ ਸੂਬੇ ਵਿੱਚ ਰੇਸ਼ਮ ਉਤਪਾਦਨ ਨੂੰ ਦੁੱਗਣਾ ਕਰਨ ਲਈ ਹਰ ਹੀਲਾ ਵਰਤਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬੇ ਦੇ ਨੀਮ-ਪਹਾੜੀ ਜ਼ਿਲ੍ਹਿਆਂ ਗੁਰਦਾਸਪੁਰ, ਹੁਸ਼ਿਆਰਪੁਰ, ਪਠਾਨਕੋਟ ਅਤੇ ਰੋਪੜ ਦੇ ਲਗਭਗ 230 ਪਿੰਡਾਂ ਵਿੱਚ ਰੇਸ਼ਮ ਪਾਲਣ ਦਾ ਕਿੱਤਾ ਅਪਣਾਇਆ ਜਾ ਰਿਹਾ ਏ ਅਤੇ 1200 ਤੋਂ 1400 ਰੇਸ਼ਮ ਕੀਟ ਪਾਲਕ ਇਸ ਕਿੱਤੇ ਨਾਲ ਜੁੜੇ ਹੋਏ ਨੇ। ਉਨ੍ਹਾਂ ਕਿਹਾ ਕਿ ਇਸ ਲਈ ਲਾਗਤ ਖ਼ਰਚੇ ਘਟਾਉਣ ਲਈ ਸਰਕਾਰੀ ਫਾਰਮਾਂ ਵਿੱਚ ਰੇਸ਼ਮ ਬੀਜ ਤਿਆਰ ਕਰਕੇ ਕਿਸਾਨਾਂ ਨੂੰ ਕਿਫ਼ਾਇਤੀ ਦਰਾਂ 'ਤੇ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਡਲਹੌਜ਼ੀ ਸਥਿਤ ਪੰਜਾਬ ਸਰਕਾਰ ਦੇ ਇੱਕੋ-ਇੱਕ ਰੇਸ਼ਮ ਬੀਜ ਉਤਪਾਦਨ ਕੇਂਦਰ ਨੂੰ ਮੁੜ ਚਾਲੂ ਕਰਨਾ ਇਸ ਦਿਸ਼ਾ ਵਿੱਚ ਪੁੱਟਿਆ

ਗਿਆ ਅਹਿਮ ਕਦਮ ਏ।ਬਾਗ਼ਬਾਨੀ ਬਾਰੇ ਵਿਸ਼ੇਸ਼ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਦੱਸਿਆ ਕਿ ਸੂਬੇ ਵਿੱਚ ਕੁੱਲ 13 ਸਰਕਾਰੀ ਸੈਰੀਕਲਚਰ ਫਾਰਮ ਨੇ ਇਨ੍ਹਾਂ ਫਾਰਮਾਂ ਵਿਖੇ ਬੁਨਿਆਦੀ ਢਾਂਚਾ ਸਥਾਪਿਤ ਹੋਣ ਕਰਕੇ ਵਿਭਾਗ ਦਾ ਤਕਨੀਕੀ ਸਟਾਫ਼, ਰੇਸ਼ਮ ਕੀਟ ਪਾਲਕਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾ ਰਿਹਾ ਏ ।ਡਾਇਰੈਕਟਰ ਬਾਗ਼ਬਾਨੀ ਸ਼ੈਲਿੰਦਰ ਕੌਰ ਨੇ ਕਿਹਾ ਕਿ ਰੇਸ਼ਮ ਕੀਟ ਪਾਲਕਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਵਿਭਾਗ ਵਲੋਂ ਰੇਸ਼ਮ ਦਾ ਧਾਗਾ ਬਣਾਉਣ ਅਤੇ ਇਸ ਦੀ ਵਧੀਆ ਮੁੱਲ ਦਿਵਾਉਣ ਸਬੰਧੀ ਅਹਿਮ ਕਦਮ ਚੁੱਕੇ ਜਾ ਰਹੇ ਨੇ ਤਾਂ ਜੋ ਭਵਿੱਖ ਵਿੱਚ ਪੰਜਾਬ ਸਿਲਕ ਨਾਮ ਦਾ ਬ੍ਰਾਂਡ ਤਿਆਰ ਕੀਤਾ ਜਾ ਸਕੇ। ਸਮਾਗਮ ਦੌਰਾਨ ਕੈਬਨਿਟ ਮੰਤਰੀ ਨੇ ਰੇਸ਼ਮ ਉਤਪਾਦਨ ਦਾ ਕਿੱਤਾ ਕਰ ਰਹੇ ਕੰਢੀ ਖੇਤਰ ਦੇ ਰੇਸ਼ਮ ਕੀਟ ਪਾਲਕਾਂ ਨੂੰ ਵੀ ਸਨਮਾਨਿਤ ਕੀਤਾ । ਸਮਾਗਮ ਦੌਰਾਨ ਰੇਸ਼ਮ ਦੇ ਕਿੱਤੇ ਨਾਲ ਵੱਧ ਤੋਂ ਵੱਧ ਲੋਕਾਂ ਨੂੰ ਜੋੜਨ ਲਈ ਇੱਕ ਡਾਕੂਮੈਂਟਰੀ ਫ਼ਿਲਮ ਅਤੇ ਪੈਂਫ਼ਲੈਟ ਵੀ ਜਾਰੀ ਕੀਤਾ ਗਿਆ।

---------------------------------------------------------

ਜਲੰਧਰ ਦੇ ਦੋਮੋਰੀਆ ਪੁਲ ਨੇੜੇ, ਅੱਜ ਇਕ ਆਈਸ ਫੈਕਟਰੀ ਵਿਚ ਗੈਸ ਲੀਕ ਹੋਣ ਕਾਰਨ ਇਕ ਵਿਅਕਤੀ ਦੀ ਮੌਤ ਹੋ ਗਈ ਅਤੇ ਕਈ ਲੋਕ ਬੇਹੋਸ਼ ਹੋ ਗਏ । ਇਹ ਘਟਨਾ ਉਸ ਵੇਲੇ ਵਾਪਰੀ ਜਦੋਂ ਫੈਕਟਰੀ ਦੀ

ਇੱਕ ਗੈਸ ਲਾਈਨ ਖਰਾਬ ਹੋ ਗਈ, ਜਿਸ ਨਾਲ ਹਵਾ ਵਿੱਚ ਅਮੋਨੀਆ ਗੈਸ ਫੈਲ ਗਈ । ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ,ਫੈਕਟਰੀ ਨੇੜਲੀ ਸਾਰੀ ਸੜਕ ਨੂੰ ਬੰਦ ਕਰ ਦਿੱਤਾ ਏ ਅਤੇ ਦੋ-ਮੋਰੀਆ ਪੁਲ ਤੋਂ ਸਾਰੀ ਆਵਾਜਾਈ ਨੂੰ ਵੀ ਮੋੜ ਦਿਤਾ ਏ । ਗੈਸ ਲੀਕ ਹੋਣ ਦੀ ਸੂਚਨਾ ਮਿਲਣ 'ਤੇ ਥਾਣਾ-3 ਦੇ ਕਰਮਚਾਰੀ ਫਾਇਰ ਬ੍ਰਿਗੇਡ ਦੀ ਟੀਮ ਨਾਲ ਮੌਕੇ 'ਤੇ ਪਹੁੰਚੇ । ਨਾਲ ਹੀ ਐਂਬੂਲੈਂਸਾਂ ਪਹੁੰਚੀਆਂ, ਅਤੇ ਡਾਕਟਰਾਂ ਨੇ ਫੈਕਟਰੀ ਤੋਂ ਬਾਹਰ ਕੱਢੇ ਗਏ ਲੋਕਾਂ ਦਾ ਮੌਕੇ 'ਤੇ ਹੀ ਇਲਾਜ ਕੀਤਾ। ਹਲਕਾ ਮੁਤਾਬਿਕ ਫੈਕਟਰੀ ਦੇ ਅੰਦਰ ਦੋ ਮਜ਼ਦੂਰ ਫਸ ਗਏ, ਜਿਨ੍ਹਾਂ ਵਿੱਚੋਂ ਇੱਕ ਦੀ ਮੌਤ ਹੋ ਗਈ । ਫੈਕਟਰੀ ਨੇੜਿਓਂ ਲੰਘ ਰਹੇ ਦੋ ਹੋਰ ਵਿਅਕਤੀ ਗੈਸ ਕਾਰਨ ਬੇਹੋਸ਼ ਹੋ ਗਏ, ਪਰ ਦੋਵਾਂ ਦੀ ਹਾਲਤ ਸਥਿਰ ਏ।

-----------------------------------------------------------

ਮੋਗਾ ਜ਼ਿਲ੍ਹੇ ਦੇ ਕੁਝ ਨੌਜਵਾਨ ਕਿਸਾਨ, ਖੇਤੀ ਮਾਹਿਰਾਂ ਦੀ ਸਲਾਹ ਨਾਲ, ਫਸਲੀ ਰਹਿੰਦ ਖੂੰਹਦ ਨੂੰ ਅੱਗ ਲਗਾ ਕੇ ਸਾੜਨ ਦੀ ਬਜਾਏ, ਖੇਤ ਵਿਚ ਹੀ ਪਰਾਲੀ ਅਤੇ ਨਾੜ ਦਾ ਪ੍ਰਬੰਧ ਕਰਨ ਨੂੰ ਪਹਿਲ ਦੇ ਰਹੇ ਨੇ । ਪਿੰਡ ਪੱਤੋ ਅਤੇ ਨਾਲ ਲੱਗਦੇ ਪਿੰਡਾਂ ਦੇ ਕਰੀਬ 20 ਨੌਜਵਾਨ ਕਿਸਾਨ, ਹਰ ਸਾਲ 250 ਤੋਂ ਵਧੇਰੇ ਏਕੜ ਰਕਬੇ ਨੂੰ ਅੱਗ ਨਹੀਂ

ਲਗਾਉਣ ਦਿੰਦੇ। ਇਹਨਾਂ ਨੌਜਵਾਨ ਕਿਸਾਨਾਂ ਨੂੰ ਹੱਲਾਸ਼ੇਰੀ ਦੇਣ ਲਈ, ਮੋਗਾ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵਿਸ਼ੇਸ਼ ਤੌਰ 'ਤੇ ਉਹਨਾਂ ਦੇ ਖੇਤਾਂ ਵਿੱਚ ਗਏ ਅਤੇ ਉਹਨਾਂ ਦੇ ਜ਼ਜ਼ਬੇ ਨੂੰ ਸਰਾਹਿਆ। ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦਿੰਦਿਆਂ ਨੌਜਵਾਨ ਕਿਸਾਨ ਸਤਨਾਮ ਸਿੰਘ ਨੇ ਦੱਸਿਆ ਕਿ ਉਸਨੇ ਆਪਣੇ ਕਿਸਾਨ ਸਾਥੀ ਨਾਲ, 2016 ਵਿੱਚ ਪ੍ਰਣ ਲਿਆ ਸੀ ਕਿ ਉਹ ਫਸਲਾਂ ਦੀ ਰਹਿੰਦ ਖੂਹੰਦ ਨੂੰ ਕਦੇ ਅੱਗ ਨਹੀਂ ਲਗਾਉਣਗੇ ਅਤੇ ਆਪਣੇ ਹੋਰਨਾਂ ਸਾਥੀਆਂ ਨੂੰ ਵੀ ਇਸ ਤਰਾਂ ਕਰਨ ਲਈ ਪ੍ਰੇਰਿਤ ਕਰਨਗੇ। ਡਿਪਟੀ ਕਮਿਸ਼ਨਰ ਨੇ ਇਹਨਾਂ ਨੌਜਵਾਨਾਂ ਦੀ ਸ਼ਲਾਘਾ ਕਰਦਿਆਂ ਹੋਰ ਕਿਸਾਨਾਂ, ਖਾਸ ਕਰਕੇ ਨੌਜਵਾਨ ਕਿਸਾਨਾਂ ਨੂੰ ਆਪਣੀ ਧਰਤੀ ਮਾਂ, ਵਾਤਾਵਰਨ ਅਤੇ ਭਵਿੱਖ ਨੂੰ ਬਚਾਉਣ ਲਈ ਅੱਗੇ ਆਉਣ ਦੀ ਅਪੀਲ ਕੀਤੀ।

------------------------------------------------------------

ਏਅਰ ਮਾਰਸ਼ਲ ਅਮਰ ਪ੍ਰੀਤ ਸਿੰਘ ਦੇਸ਼ ਦੇ ਅਗਲੇ ਹਵਾਈ ਸੈਨਾ ਮੁਖੀ ਹੋਣਗੇ। ਉਹ ਵਰਤਮਾਨ ਵਿੱਚ ਹਵਾਈ ਸੈਨਾ ਦੇ ਉਪ ਮੁਖੀ ਵਜੋਂ ਸੇਵਾ ਨਿਭਾ ਰਹੇ ਹਨ। ਏਅਰ ਮਾਰਸ਼ਲ ਅਮਰ ਪ੍ਰੀਤ ਸਿੰਘ ਇਸ ਮਹੀਨੇ ਦੀ 30 ਤਰੀਕ ਨੂੰ ਦੁਪਹਿਰ ਨੂੰ ਏਅਰ ਚੀਫ ਮਾਰਸ਼ਲ ਵਿਵੇਕ ਰਾਮ ਚੌਧਰੀ ਤੋਂ ਹਵਾਈ ਸੈਨਾ ਦੇ ਮੁਖੀ ਦਾ ਅਹੁਦਾ ਸੰਭਾਲਣਗੇ।

---------------------------------------------------

ਫਰੀਦਕੋਟ ਵਿੱਚ ਸ਼ੁਰੂ ਕੀਤੇ ਗਏ ਬਾਬਾ ਫਰੀਦ ਆਗਮਨ ਪੁਰਬ ਦੇ ਤੀਜੇ ਦਿਨ ਸ਼ਹਿਰ ਵਿੱਚ ਕਈ ਪ੍ਰੋਗਰਾਮ ਆਯੋਜਿਤ ਕੀਤੇ ਗਏ। ਪੀ.ਬੀ.ਜੀ ਵੈਲਫੇਅਰ ਕਲੱਬ ਵੱਲੋਂ ਖ਼ੂਨਦਾਨ ਕੈਂਪ ਜਦਕਿ ਬੀੜ ਸੰਸਥਾ ਵੱਲੋਂ ਫੋਟੋ ਪ੍ਰਦਰਸ਼ਨੀ ਲਗਾਈ ਗਈ ਜਿਸ ਵਿੱਚ ਬਹੁਤ ਸਾਰੀਆਂ ਪੇਂਟ ਕੀਤੀਆਂ ਹੋਈਆਂ ਫੋਟੋਆਂ ਅਤੇ ਪੰਜਾਬੀ ਸੱਭਿਆਚਾਰ ਨਾਲ ਸਬੰਧਿਤ ਕਈ ਤਰ੍ਹਾਂ ਦੀਆਂ ਪੇਂਟਿੰਗ ਦਾ ਪ੍ਰਦਰਸ਼ਨ ਕੀਤਾ ਗਿਆ। ਸੰਤ ਬਾਬਾ ਫਰੀਦ ਆਰਟ ਸੋਸਾਇਟੀ ਵੱਲੋਂ ਬੱਚਿਆਂ ਦਾ ਪੇਂਟਿੰਗ ਮੁਕਾਬਲਾ ਕਰਵਾਇਆ ਗਿਆ ਅਤੇ ਇਸ ਦੇ ਨਾਲ ਹੀ ਸ਼ਹਿਰ ਵਿੱਚ ਹੋਰ ਵੀ ਪ੍ਰੋਗਰਾਮ ਜਿਸ ਤਰਾਂ ਪੁਸਤਕ ਮੇਲਾ, ਖੇਡਾਂ ਡਰਾਮੇ, ਸੱਭਿਆਚਾਰਕ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ ਅਤੇ ਸ਼ਹਿਰ ਵਿੱਚ ਇਕ ਕਰਾਫਟ ਮੇਲਾ ਵੀ ਲਗਾਇਆ ਗਿਆ ਜਿਸ ਵਿੱਚ ਵੱਖ ਵਖ ਸੂਬਿਆਂ ਤੋਂ ਆਏ ਲੋਕ ਕਰਾਫਟ ਦਾ ਸਾਮਾਨ ਲੋਕਾਂ ਨੂੰ ਵੇਚ ਰਹੇ ਨੇ। ਸਰਕਾਰੀ ਬਰਜਿੰਦਰਾ ਕਾਲਜ ਵਿਖੇ ਹੀ ਬੱਚਿਆਂ ਲਈ ਇੱਕ ਇੱਕ ਪੇਂਟਿੰਗ ਮੁਕਾਬਲੇ ਸ਼ੁਰੂ ਕੀਤੇ ਗਏ ਤਿੰਨ ਦਿਨ ਚੱਲਣ ਵਾਲੇ ਇਹ ਪੇਂਟਿੰਗ ਮੁਕਾਬਲਿਆਂ ਦੇ ਅੱਜ ਦੂਸਰੇ ਦਿਨ ਮੁੱਖ ਮਹਿਮਾਨ ਦੇ ਤੌਰ ਤੇ ਐਸ.ਡੀ.ਐਮ ਵੀਰਪਾਲ ਕੌਰ ਨੇ ਏਸ ਕਾਰਜ ਦੀ ਸ਼ਲਾਘਾ ਕੀਤੀ।

---------------------------------------------------------

ਉਧਰ ਪੰਜਾਬ ਭਾਸ਼ਾ ਵਿਭਾਗ, ਅਤੇ ਆਲਮੀ ਪੰਜਾਬੀ ਅਦਬ ਫਾਂਊਡੇਸ਼ਨ ਫਰੀਦਕੋਟ ਵੱਲੋਂ ਪੰਜਾਬੀ ਦੇ ਨਾਮਵਰ ਸ਼ਾਇਰ ਡਾਕਟਰ ਸੁਰਜੀਤ ਪਾਤਰ ਦੀ ਯਾਦ ਨੂੰ ਸਮਰਪਿਤ ਬਾਬਾ ਫ਼ਰੀਦ ਸਹਿਤ ਅਤੇ ਪੁਸਤਕ ਮੇਲੇ ਵਿੱਚ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸਵੇਰ ਦੇ ਸੰਵਾਂਦ ਸੈਸ਼ਨ ਵਿੱਚ "ਚੌਥਾ ਥਮ "ਵਿਸ਼ੇ ਅਧੀਨ ਨਾਮਵਰ ਪੱਤਰਕਾਰ ਯਾਦਵਿੰਦਰ ਕਰਫਿਊ ਨਾਲ ਸੰਵਾਂਦ ਕਰਤਾ ਸ਼ਿਵਜੀਤ ਸਿੰਘ ਸੰਘਾ ਵੱਲੋਂ ਵਿਚਾਰ -ਚਰਚਾ ਕੀਤੀ ਗਈ ਜਿਸ ਨੂੰ ਵੱਡੀ ਗਿਣਤੀ ਵਿੱਚ ਸਰੋਤਿਆਂ ਨੇ ਪੂਰੀ ਉਤਸੁਕਤਾ ਨਾਲ ਸੁਣਿਆ। ਸੰਵਾਂਦ ਕਰਤਾ ਸ਼ਿਵਜੀਤ ਸੰਘਾ ਵੱਲੋਂ ਯਾਦਵਿੰਦਰ ਕਰਫਿਊ ਨਾਲ ਪੰਜਾਬ ਤੇ ਦੇਸ਼ ਦੇ ਚਲੰਤ ਮਾਮਲਿਆਂ ,ਪੱਤਰਕਾਰੀ ,ਪੱਤਰਕਾਰੀ ਵਿੱਚ ਨਿਘਾਰ, ਪੱਤਰਕਾਰੀ ਵਪਾਰ, ਦਰਪੇਸ਼ ਔਕੜਾਂ ਸਮੇਤ ਵੱਖ ਵੱਖ ਵਿਸ਼ਿਆਂ ਤੇ ਵਿਚਾਰ ਚਰਚਾ ਕੀਤੀ ਗਈ। ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਏ ਕਿ ਮਹਾਨ ਸੂਫੀ ਸੰਤ ਅਤੇ ਪੰਜਾਬੀ ਦੇ ਪਹਿਲੇ ਸ਼ਾਇਰ ਬਾਬਾ ਸ਼ੇਖ ਫਰੀਦ ਜੀ ਦੀ ਯਾਦ ਨੂੰ ਸਮਰਪਿਤ ਆਗਮਨ ਪੁਰਬ ਤੇ ਆਲਮੀ ਪੰਜਾਬੀ ਅਦਬ ਫਾਉਂਡੇਸ਼ਨ ਅਤੇ ਭਾਸ਼ਾ ਵਿਭਾਗ ਵੱਲੋਂ ਪੰਜ ਰੋਜ਼ਾ ਪੁਸਤਕ ਮੇਲੇ ਅਤੇ ਵਿਚਾਰ ਚਿੰਤਨ ਦਾ ਪ੍ਰਬੰਧ ਕੀਤਾ ਗਿਆ ਏ। ਉਹਨਾਂ

ਕਿਹਾ ਕਿ ਗੁਰਬਾਣੀ ਵੀ ਸਾਨੂੰ ਕੁਝ ਕਹਿਣ ਅਤੇ ਸੁਣਨ ਦਾ ਸੰਦੇਸ਼ ਦਿੰਦੀ ਏ ।ਉਹਨਾਂ ਕਿਹਾ ਕਿ ਬਾਬਾ ਫਰੀਦ ਦੀ ਬਾਣੀ ਅੱਜ ਵੀ ਸਾਡਾ ਮਾਰਗਦਰਸ਼ਨ ਕਰਦੀ ਹੈ ਤੇ ਸਾਨੂੰ ਜੀਵਨ ਜਾਂਚ ਸਿਖਾਉਂਦੀ ਹੈ । ਉਨ੍ਹਾਂ ਕਿਹਾ ਕਿ ਪੁਸਤਕ ਮੇਲਾ ਭਾਸ਼ਾ ਵਿਭਾਗ ਅਤੇ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ ਦਾ ਵੱਡਾ ਉਪਰਾਲਾ ਏ ਜਿਸ ਨਾਲ ਲੋਕਾਂ ਦੀ ਕਿਤਾਬਾਂ ਨਾਲ ਸਾਂਝ ਵਧੇਗੀ ਅਤੇ ਉਹ ਆਪਣੇ ਸਹਿਤ ,ਸੱਭਿਆਚਾਰ ਅਮੀਰ ਵਿਰਸੇ ਅਤੇ ਇਤਿਹਾਸ ਬਾਰੇ ਜਾਣੂ ਹੋਣਗੇ। ਉਹਨਾਂ ਇਸ ਮੌਕੇ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ ਨੂੰ ਆਪਣੇ ਅਖਤਿਆਰੀ ਫੰਡ ਵਿੱਚੋਂ 2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ।

------------------------------------------------------------

ਬਾਬਾ ਫ਼ਰੀਦ ਆਗਮਨ ਪੁਰਬ ਦੇ ਸਬੰਧ ਵਿਚ ਬੀਤੀ ਸ਼ਾਮ ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ ਐਜੂਕੇਸ਼ਨ ਫਰੀਦਕੋਟ ਵਿਖੇ ਡਰਾਮਾ ਫੈਸਟੀਵਲ ਕਰਵਾਇਆ ਗਿਆ । ਇਸ ਮੌਕੇ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵਿਸ਼ੇਸ਼ ਤੌਰ ਤੇ ਮੌਜੂਦ ਰਹੇ ਸਨ। ਡਰਾਮਾ ਫੈਸਟੀਵਲ ਦੀ ਸ਼ੁਰੂਆਤ ਵਿਚ ਪਹਿਲਾ ਨਾਟਕ ਬਲਵਿੰਦਰ ਬੁਲਟ ਦੀ ਟੀਮ ਵੱਲੋਂ 'ਮਿਰਜਾ' ਨਾਟਕ ਖੇਡਿਆ ਗਿਆ । ਇਸ ਨਾਟਕ ਦੇ ਰਾਹੀਂ ਉਨ੍ਹਾਂ ਨੇ ਸਾਂਝੀ ਖੇਤੀ ਕਰਨ, ਕਰਜਾ ਨਾ

ਲੈਣ, ਕੀੜੇ ਮਾਰ ਦਵਾਈਆਂ ਅਤੇ ਖਾਦਾਂ ਦੀ ਬੇਲੋੜੀ ਵਰਤੋਂ ਨਾ ਕਰਨ, ਦਾ ਸੰਦੇਸ਼ ਦਿੱਤਾ । ਇਸ ਸ਼ਾਮ ਦਾ ਦੂਜਾ ਨਾਟਕ ਪੰਜਾਬ ਦੇ ਪ੍ਰਸਿੱਧ ਨਾਟਕਕਾਰ, ਅਦਾਕਾਰ ਅਤੇ ਕਮੇਡੀਅਨ ਗੁਰਚੇਤ ਚਿੱਤਰਕਾਰ ਵੱਲੋਂ ਪੰਜਾਬੀ ਨਾਟਕ 'ਟੈਨਸ਼ਨ ਫਰੀ' ਖੇਡਿਆ ਗਿਆ। ਇਸ ਨਾਟਕ ਵਿਚ ਵਿਦੇਸ਼ਾਂ ਵਿਚ ਰਹਿੰਦੇ ਪੰਜਾਬੀ ਪਰਿਵਾਰਾਂ ਦੇ ਦੁਖਾਂਤ ਨੂੰ ਬਹੁਤ ਸੁਝੱਜੇ ਢੰਗ ਨਾਲ ਪੇਸ਼ ਕੀਤਾ ਗਿਆ । ਨਾਟਕ ਰਾਹੀਂ ਪੰਜਾਬੀਆਂ ਨੂੰ ਪੰਜਾਬ ਵਿਚ ਰਹਿਣ ਵਾਸਤੇ ਰਿਸ਼ਤਿਆਂ ਦੀ ਪਵਿੱਤਰਤਾ ਨੂੰ ਸਮਝਣ ਅਤੇ ਮਾਤਾ-ਪਿਤਾ ਵੱਲੋਂ ਬੱਚਿਆਂ ਦੀ ਪਰਵਰਿਸ਼ ਚੰਗੇ ਢੰਗ ਨਾਲ ਕਰਨ ਦਾ ਸੰਦੇਸ਼ ਦਿੱਤਾ ਗਿਆ।

-----------------------------------------------------------

ਫਾਜ਼ਿਲਕਾ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਵਤਾਰ ਸਿੰਘ ਦੀ ਰਹਿਨੁਮਾਈ ਹੇਠ ਏਕ ਪੇੜ ਮਾਂ ਕੇ ਨਾਮ ਮੁਹਿਮ ਦੇ ਤਹਿਤ ਜ਼ਿਲੇ ਦੇ ਨਿਆਇਕ ਅਫਸਰਾਂ ਵੱਲੋ ਕੋਰਟ ਕੰਪਲੈਕਸ ਵਿੱਖੇ ਬੂਟੇ ਲਗਾਏ ਗਏ। ਇਸਦਾ ਉਦੇਸ਼ ਵਾਤਾਵਰਨ ਪ੍ਰਤੀ ਲੋਕਾਂ ਨੂੰ ਜਾਗਰੁਕ ਕਰਨਾ ਅਤੇ ਜਿਲ੍ਹਾ ਫ਼ਾਜ਼ਿਲਕਾ ਵਿਚ ਵੱਧ ਤੋਂ ਵੱਧ ਬੂਟੇ ਲਾਉਣ ਬਾਰੇ ਜਾਗਰੂਕ ਕਰਨਾ ਏ । ਉਨ੍ਹਾਂ ਕਿਹਾ ਕਿ ਵਧਦੇ ਪ੍ਰਦੂਸ਼ਣ ਕਾਰਨ ਕੁਦਰਤ ਖ਼ਤਰੇ ਵਿੱਚ ਏ ਜਿਸ ਨੂੰ ਬਚਾਉਣ ਲਈ ਸਾਨੂ

ਸਾਰਿਆਂ ਨੂੰ ਆਪਣਾ ਯੋਗਦਾਨ ਦੇਣਾ ਹੋਵੇਗਾ। ਓਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਤੋਂ ਵੀ ਲੋਕ ਬੂਟੇ ਲਾਉਣ ਦਾ ਸੁਨੇਹਾ ਦੇ ਰਹੇ ਨੇ।

---------------------------------------------------------------

ਓਧਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੀ ਅਗਵਾਈ ਵਿਚ ਜ਼ਿਲ੍ਹੇ ਵਿਚ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਵੱਖ-ਵੱਖ ਸਕੂਲਾਂ ਵਿਚ ਵਿਚ ਵੱਖ-ਵੱਖ ਕਿਸਮ ਦੇ ਦਰਖਤਾਂ ਦੇ ਬੂਟੇ ਲਗਾਏ ਜਾ ਰਹੇ ਨੇ । ਇਸ ਮੌਕੇ ਤੇ ਐਮ.ਐਲ.ਪੁਰੀ ਸਕੂਲ ਆਫ਼ ਐਮੀਨੈਂਸ, ਮੁੱਲਾਂਪੁਰ ਗਰੀਬ-ਦਾਸ ਵਿਖੇ ਸੈਮੀਨਾਰ ਦਾ ਆਯੋਜਨ ਵੀ ਕੀਤਾ ਗਿਆ। ਜਿਸ ਤਹਿਤ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਮੈਂਬਰਾਂ ਨੂੰ ਅੱਜ ਦੇ ਦੌਰ ਵਿਚ ਵਧਦੇ ਸ਼ਹਿਰੀਕਰਨ, ਸਨਅਤੀਕਰਨ ਅਤੇ ਵੱਡੇ ਪੱਧਰ ਤੇ ਦਰਖਤਾਂ ਦੀ ਹੋ ਰਹੀ ਕਟਾਈ ਕਾਰਨ ਵਾਤਾਵਰਨ ਤੇ ਪੈ ਰਹੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਦਿਆਂ ਵੱਧ ਤੋਂ ਵੱਧ ਦਰਖਤ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।

---------------------------------------------------------------

ਏਕ ਭਾਰਤ ਸਰੇਸ਼ਠ ਭਾਰਤ ਮੁਹਿੰਮ ਤਹਿਤ ਸਕੂਲ ਆਫ ਐਮੀਨੈਂਸ ਫਾਜਿਲਕਾ ਵਿਖੇ ਫਾਜ਼ਿਲਕਾ ਜ਼ਿਲ੍ਹੇ ਦੇ ਵਿਭਿੰਨ ਸਕੂਲਾ ਵਿਖੇ ਜ਼ਿਲ੍ਹਾ

ਪੱਧਰੀ ਪ੍ਰਤੀਯੋਗਤਾ ਕਰਵਾਈ ਗਈ । ਨੋਡਲ ਅਫਸਰ ਵਿਜੈ ਪਾਲ ਨੇ ਦੱਸਿਆ ਕਿ ਏਕ ਭਾਰਤ ਸਰੇਸ਼ਠ ਭਾਰਤ ਮੁਹਿੰਮ ਦਾ ਮੁੱਖ ਮਕਸਦ ਸੂਬਿਆਂ ਤੇ ਜ਼ਿਲਿਆਂ ਨੂੰ ਆਪਸ ਵਿਚ ਜੋੜਨ ਤਾਂ ਜੋ ਭਾਸ਼ਾ, ਵਪਾਰ, ਤਿਉਹਾਰਾਂ, ਸੱਭਿਆਚਾਰ, ਯਾਤਰਾ ਤੇ ਟੂਰਿਜ਼ਮ ਦੇ ਖੇਤਰਾਂ 'ਚ ਵਟਾਂਦਰੇ ਦੇ ਰਾਹੀਂ ਲੋਕਾਂ ਨੂੰ ਆਪਸ 'ਚ ਜੋੜਿਆ ਜਾ ਸਕੇ।

ਨੋਡਲ ਅਫਸਰ ਨੇ ਦੱਸਿਆ ਕਿ ਏਕ ਭਾਰਕ ਸਰੇਸ਼ਠ ਭਾਰਤ ਮੁਹਿੰਮ ਤਹਿਤ ਪ੍ਰਤੀਯੋਗਤਾ ਲਈ ਲੋਕ ਨਾਚ ਆਂਧਰਾ ਪ੍ਰਦੇਸ ਅਤੇ ਪੇਨਟਿੰਗ ਪ੍ਰੋਤੀਯੋਗਤਾਵਾਂ ਚੁਣੀਆਂ ਗਈਆ ਸਨ। ਇਨ੍ਹਾਂ ਦੋਵੇ ਗਤੀਵਿਧੀਆ ਨੂੰ ਦੋ ਸ਼੍ਰੇਣੀਆਂ ਵਿਚ ਵੰਡਿਆ ਗਿਆ ਸੀ।

---------------------------------------------------------------

ਅੰਮ੍ਰਿਤਸਰ ਪੁਲਿਸ ਨੇ ਦੋ ਨੌਜਵਾਨਾਂ ਨੂੰ ਪਿਸਤੌਲਾਂ ਸਮੇਤ ਗ੍ਰਿਫਤਾਰ ਕੀਤਾ ਏ।ਪੁਲਿਸ ਕਪਤਾਨ ਹਰਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਦੇ ਸੀ.ਆਈ.ਏ ਸਟਾਫ ਨੂੰ ਗੁਪਤ ਸੂਚਨਾ ਮਿਲੀ ਕਿ ਦੋ ਸ਼ੱਕੀ ਨੌਜਵਾਨ ਆਪਣੇ ਮੂੰਹ ਤੇ ਕੱਪੜਾ ਬੰਨ ਕੇ ਮੋਟਰਸਾਈਕਲ ਤੇ ਅਟਾਰੀ ਪਾਸਿਉਂ ਆ ਰਹੇ ਨੇ ਤੇ ਮੋਟਰਸਾਈਕਲ ਦੇ ਅਗਲੀ ਨੰਬਰ ਪਲੇਟ ਵੀ ਨਹੀਂ ਏ। ਜਦੋਂ ਪੁਲਿਸ ਨੇ ਘੇਰਾਬੰਦੀ ਕਰਕੇ ਉਹਨਾਂ ਨੂੰ ਕਾਬੂ ਕਰਕੇ ਪੁੱਛਗਿੱਛ ਕੀਤੀ ਤਾਂ ਦੋਨਾਂ ਨੌਜਵਾਨਾਂ ਦੇ

ਕੋਲੋਂ ਪਿਸਤੋਲ ਬਰਾਮਦ ਹੋਏ। ਇਹਨਾਂ ਦੋਵਾਂ ਦੀ ਪਹਿਚਾਣ ਸੁਰਜੀਤ ਸਿੰਘ ਉਰਫ ਗੁਰਜੀਤ ਸਿੰਘ ਅਤੇ ਲਵਪ੍ਰੀਤ ਸਿੰਘ ਦੇ ਰੂਪ ਵਿੱਚ ਹੋਈ ਏ। ਪੁਲਿਸ ਨੇ ਦੱਸਿਆ ਕਿ ਇਹਨਾਂ ਦੋਨਾਂ ਨੇ ਪਾਕਿਸਤਾਨ ਤੋਂ ਹਥਿਆਰ ਮੰਗਵਾਏ ਸੀ ਅਤੇ ਇਹ ਹਥਿਆਰ ਉਹਨਾਂ ਪੰਜਾਬ ਵਿੱਚ ਵੇਚਣੇ ਸੀ ਜਾਂ ਕਿਸੇ ਵਾਰਦਾਤ ਨੂੰ ਅੰਜਾਮ ਦੇਣਾ ਸੀ, ਇਸ ਬਾਰੇ ਜਾਂਚ ਚੱਲ ਰਹੀ ਏ। ਪੁਲਿਸ ਨੇ ਇਨਾ ਦੇ ਕਬਜ਼ੇ ਚੋਂ ਦੋ ਮੋਬਾਇਲ ਫੋਨ ਅਤੇ ਇੱਕ ਮੋਟਰਸਾਈਕਲ ਵੀ ਬਰਾਮਦ ਕੀਤਾ ਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ ਡੇਲਾਵੇਅਰ ਦੇ ਵਿਲ-ਮਿੰਗਟਨ ਵਿੱਚ ਅਮਰੀਕੀ ਰਾਸ਼ਟਰਪਤੀ ਜੋ ਬਾਇਡਨ ਨਾਲ ਦੁਵੱਲੀ ਮੀਟਿੰਗ ਕਰਨਗੇ।
- ਪੰਜਾਬ ਦੇ ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਸਿਲਕ ਦਿਵਸ ਮੌਕੇ, ਰੇਸ਼ਮ ਉਤਪਾਦਾਂ ਲਈ ਵਿਭਾਗ ਦਾ ਲੋਗੋ ਜਾਰੀ ਕੀਤਾ - ਕਿਹਾ ਸੂਬਾ ਆਪਣੇ ਬ੍ਰਾਂਡ ਅਧੀਨ ਰੇਸ਼ਮ ਉਤਪਾਦ ਬਾਜ਼ਾਰ 'ਚ ਲਿਆਏਗਾ।
- ਫਰੀਦਕੋਟ ਵਿਖੇ ਮਹਾਨ ਸੂਫੀ ਸੰਤ ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ ਦੇ ਸਬੰਧ ਵਿੱਚ ਵੱਖ-ਵੱਖ ਪ੍ਰੋਗਰਾਮ ਦਾ ਆਯੋਜਨ।

ਅਤੇ

- ਪੰਜਾਬ ਭਰ ਵਿਚ, ਇਕ ਪੇੜ ਮਾਂ ਕੇ ਨਾਮ ਮੁਹਿੰਮ ਤਹਿਤ ਲੋਕਾਂ ਵਿਚ ਬੂਟੇ ਲਾਉਣ ਬਾਰੇ ਭਾਰੀ ਉਤਸ਼ਾਹ।